**ਪੰਜਾਬ ਸਕੂਲ ਸਿੱਖਿਆ ਬੋਰਡ**

**ਵਿੱਦਿਆ ਭਵਨ ਫੇਜ਼-8, ਸਾਹਿਬਜ਼ਾਦਾ ਅਜੀਤ ਸਿੰਘ ਨਗਰ-160062**

**(ਅਕਾਦਮਿਕ ਸ਼ਾਖਾ)**

ਵੱਲ

ਪੰਜਾਬ ਰਾਜ ਦੇ ਸਮੂਹ ਪ੍ਰਿੰਸੀਪਲ / ਮੁੱਖ ਅਧਿਆਪਕ
ਸੀਨੀਅਰ ਸੈਕੰਡਰੀ ਤੇ ਹਾਈ ਸਕੂਲ।

**ਨੰ: ਪਸਸਬ-ਅਕਾਦਮਿਕ / 2026**....2418....... **ਮਿਤੀ**...12/03/2026

**ਵਿਸ਼ਾ:- ਦਾਖਲਾ ਸਾਲ 2026-27 ਲਈ ਅੱਠਵੀ, ਨੌਵੀਂ, ਦਸਵੀਂ, ਗਿਆਰ੍ਹਵੀਂ ਅਤੇ ਬਾਰ੍ਹਵੀਂ ਸ਼੍ਰੇਣੀਆਂ ਦਾ ਦਾਖਲਾ ਸ਼ਡਿਊਲ**

ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਦਾਖਲਾ ਸਾਲ 2026-27 ਲਈ ਅੱਠਵੀ, ਨੌਵੀਂ, ਦਸਵੀਂ, ਗਿਆਰ੍ਹਵੀਂ ਅਤੇ ਬਾਰ੍ਹਵੀਂ ਸ਼੍ਰੇਣੀਆਂ ਦਾ ਦਾਖਲਾ ਸ਼ਡਿਊਲ ਹੇਠ ਲਿਖੇ ਅਨੁਸਾਰ ਨਿਰਧਾਰਿਤ ਕੀਤਾ ਗਿਆ ਹੈ:-

| **ਸ਼੍ਰੇਣੀ** | **ਦਾਖਲਾ ਸ਼ਡਿਊਲ ਦੀ ਮਿਤੀਆਂ** |
|---|---|
| **ਅੱਠਵੀਂ ਤੋਂ ਬਾਰ੍ਹਵੀਂ** | **01-04-2026 ਤੋਂ 15-07-2026** |

1. ਪੰਜਾਬ ਸਕੂਲ ਸਿੱਖਿਆ ਬੋਰਡ ਦੀਆਂ ਪ੍ਰੀਖਿਆਵਾਂ ਵਿੱਚ ਪਾਸ /ਫੇਲ ਹੋਏ ਵਿਦਿਆਰਥੀ ਨਤੀਜਾ ਨਿਕਲਣ ਤੋਂ 15 ਦਿਨਾਂ ਦੇ ਅੰਦਰ-ਅੰਦਰ ਜਾ ਕੇ ਸਕੂਲ ਸਿੱਖਿਆ ਵਿਭਾਗ ਵੱਲੋਂ ਜਾਰੀ ਸ਼ਡਿਊਲ ਮੁਤਾਬਿਕ ਛੁੱਟੀਆਂ ਹੋਣ ਤਾਂ ਸਕੂਲ ਖੁਲ੍ਹਣ ਤੋਂ ਬਾਅਦ 10 ਦਿਨਾਂ ਦੇ ਅੰਦਰ ਦਾਖਲਾ ਲੈ ਸਕਦੇ ਹਨ।
2. ਸੰਸਥਾ ਮੁੱਖੀ ਲੇਟ ਦਾਖਲਾ ਲੈਣ ਵਾਲੇ ਵਿਦਿਆਰਥੀਆਂ ਦੀਆਂ ਦਾਖਲਾ ਲੈਣ ਦੀ ਮਿਤੀ ਤੋਂ 75% ਹਾਜ਼ਰੀਆਂ ਹੋਣੀਆਂ ਯਕੀਨੀ ਬਣਾਉਣਗੇ।
3. ਸਮੂਹ ਸਕੂਲ / ਸੰਸਥਾ ਮੁਖੀਆਂ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਦੂਜੇ ਰਾਜਾਂ ਤੋਂ ਸੱਤਵੀਂ, ਅਠੱਵੀਂ, ਨੌਵੀਂ, ਦਸਵੀਂ ਅਤੇ ਗਿਆਰ੍ਹਵੀਂ ਸ਼੍ਰੇਣੀ ਪਾਸ ਕਰਕੇ ਆਏ ਵਿਦਿਆਰਥੀਆਂ ਨੂੰ ਦਾਖਲੇ ਲਈ ਸਮਾਨਤਾ ਪੱਤਰ ਲੈਣਾ ਲਾਜ਼ਮੀ ਨਹੀਂ ਹੈ। Department of School Education & literacy (MHRD) ਦੀ ਵੈੱਬਸਾਈਟ dsel.education.gov.in ਤੇ ਉਪਲਬੱਧ ਪ੍ਰਵਾਨਿਤ ਬੋਰਡਾਂ ਦੀ ਸੂਚੀ ਅਨੁਸਾਰ ਹੀ ਦੂਜੇ ਰਾਜਾਂ /ਬੋਰਡਾਂ ਤੋਂ ਪਾਸ ਕਰਕੇ ਆਏ ਵਿਦਿਆਰਥੀਆਂ ਨੂੰ ਦਾਖਲਾ ਦਿੱਤਾ ਜਾਵੇ। ਉਹ ਵਿਦਿਆਰਥੀਆਂ ਜਿਨ੍ਹਾਂ ਨੇ ਸਕੂਲ ਪੱਧਰ ਦੀ ਪੜ੍ਹਾਈ ਕਿਸੇ ਬਾਹਰਲੇ ਦੇਸ਼ ਤੋਂ ਕੀਤੀ ਹੋਵੇ ਅਤੇ ਅਗਲੇਰੀ ਪੜ੍ਹਾਈ ਪੰਜਾਬ ਸਕੂਲ ਸਿੱਖਿਆ ਬੋਰਡ ਤੋਂ ਕਰਨਾ ਚਾਹੁੰਦੇ ਹੋਣ ਤਾਂ ਉਹਨਾਂ ਵਿਦਿਆਰਥੀਆਂ ਵੱਲੋਂ University Grants Commission New Delhi (UGC) ਤੋਂ ਸਮਾਨਤਾ ਸਰਟੀਫਿਕੇਟ ਪ੍ਰਾਪਤ ਕਰਨ ਤੇ ਹੀ ਸਕੂਲਾਂ ਵੱਲੋਂ ਵਿਦਿਆਰਥੀਆਂ ਨੂੰ ਦਾਖਲਾ ਦਿੱਤਾ ਜਾਵੇਗਾ।
4. ਸਮੂਹ ਸਕੂਲ /ਸੰਸਥਾ ਮੁਖੀ ਉਪਰੋਕਤ ਦਾਖਲਾ ਸ਼ਡਿਊਲ ਅਤੇ ਬੋਰਡ ਵੱਲੋਂ ਜਾਰੀ ਦਾਖਲੇ ਲਈ ਯੋਗਤਾਵਾਂ/ ਸ਼ਰਤਾਂ ਦੀ ਇੰਨ-ਬਿੰਨ ਪਾਲਣਾ ਕਰਨ।

ਡਾ.ਅਮਰਪਾਲ ਸਿੰਘ
ਚੇਅਰਮੈਨ,ਪੰਜਾਬ ਸਕੂਲ ਸਿੱਖਿਆ ਬੋਰਡ।

ਪਿੱਠ ਅੰਕਣ ਨੰ: ਪਸਸਬ-ਅਕਾਦਮਿਕ-(59983)-2026 2419........ਮਿਤੀ:ਸਾਹਿਬਜਾਦਾ ਅਜੀਤਸਿੰਘ ਨਗਰ...12/03/2026

ਉਪਰੋਕਤ ਦਾ ਉਤਾਰਾ ਹੇਠ ਲਿਖਿਆ ਨੂੰ ਸੂਚਨਾ ਅਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ:-

1. ਚੇਅਰਮੈਨ ਜੀ,ਸਕੱਤਰ ਜੀ ਅਤੇ ਉਪ ਸਕੱਤਰ (ਅਕਾਦਮਿਕ) ਜੀ ਦੇ ਨਿੱਜੀ ਸਕੱਤਰਾਂ ਨੂੰ ਚੇਅਰਮੈਨ ਜੀ, ਸਕੱਤਰ ਜੀ ਅਤੇ ਉਪ ਸਕੱਤਰ (ਅਕਾਦਮਿਕ) ਜੀ ਦੀ ਸੂਚਨਾ ਹਿੱਤ।
2. ਡਾਇਰੈਕਟਰ ਜਨਰਲ ਸਕੂਲ ਸਿੱਖਿਆ ਵਿਭਾਗ, ਪੰਜਾਬ, ਐਸ.ਏ.ਐਸ.ਨਗਰ।
3. ਡੀ.ਪੀ.ਆਈ.(ਸੈਕੰਡਰੀ ) ਪੰਜਾਬ, ਐਸ.ਏ.ਐਸ.ਨਗਰ
4. ਪੰਜਾਬ ਰਾਜ ਦੇ ਸਮੂਹ ਸਰਕਲ ਸਿੱਖਿਆ ਅਫਸਰਾਂ ਅਤੇ ਜ਼ਿਲ੍ਹਾ ਸਿੱਖਿਆ ਅਫਸਰਾਂ (ਸੈ.ਸਿ.) ਨੂੰ :
5. ਉਪ ਸਕੱਤਰ/ਸਹਾਇਕ ਸਕੱਤਰ ਰਜਿਸਟ੍ਰੇਸ਼ਨ /ਮਾਈਗ੍ਰੇਸ਼ਨ ਸ਼ਾਖਾ ਅਤੇ ਡਾਇਰੈਕਟਰ (ਕੰਪਿਊਟਰ)/ਇੰਚਾਰਜ ਟੈਕਨੀਕਲ ਸੈਕਸ਼ਨ ਪੰਜਾਬ ਸਕੂਲ ਸਿੱਖਿਆ ਬੋਰਡ।

12/3/26

ਸੁਪਰਡੰਟ(ਅਕਾਦਮਿਕ)
ਪੰਜਾਬ ਸਕੂਲ ਸਿੱਖਿਆ ਬੋਰਡ।